# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 04-12-2024**

ਪੰਜਾਬ ਦੇ ਸਾਬਕਾ ਉਪ-ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਓਸ ਵੇਲੇ ਵਾਲ-ਵਾਲ ਬਚ ਗਏ, ਜਦੋਂ ਅੱਜ ਅੰਮ੍ਰਿਤਸਰ 'ਚ ਸ੍ਰੀ ਹਰਿਮੰਦਰ ਸਾਹਿਬ ਦੇ ਪ੍ਰਵੇਸ਼ ਦੁਆਰ 'ਤੇ ਓਹਨਾ 'ਤੇ ਜਾਨਲੇਵਾ ਹਮਲਾ ਕੀਤਾ ਗਿਆ। ਸੁਖਬੀਰ ਸਿੰਘ ਬਾਦਲ ਹਾਲ ਹੀ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਦਿੱਤੀ ਧਾਰਮਿਕ ਸਜ਼ਾ ਨੂੰ, ਹਰਿਮੰਦਰ ਸਾਹਿਬ ਦੇ ਪ੍ਰਵੇਸ਼ ਦੁਆਰ ’ਤੇ ਵ੍ਹੀਲ ਚੇਅਰ ’ਤੇ ਕੱਟ ਰਹੇ ਸਨ। ਹਮਲਾ ਕਰਨ ਵਾਲੇ ਵਿਅਕਤੀ ਦੀ ਪਛਾਣ ਨਰੈਣ ਸਿੰਘ ਵਜੋਂ ਹੋਈ ਏ। ਜਦੋਂ ਉਸ ਨੇ ਗੋਲੀ ਮਾਰਨ ਲਈ ਆਪਣੀ ਪਿਸਤੌਲ ਕੱਢੀ ਤਾਂ ਸ਼੍ਰੋਮਣੀ ਕਮੇਟੀ ਦੇ ਸੇਵਾਦਾਰਾਂ ਤੇ ਸੁਰੱਖਿਆ ਕਰਮੀਆਂ ਨੇ ਉਸ ਨੂੰ ਕਾਬੂ ਕਰ ਲਿਆ, ਇਸ ਦੌਰਾਨ ਉਸ ਵਲੋਂ ਚਲਾਈ ਗਈ ਗੋਲੀ ਗੇਟ ਦੀ ਕੰਧ ਤੇ ਜਾ ਲੱਗੀ। ਸੂਤਰਾਂ ਮੁਤਾਬਿਕ ਹਮਲਾਵਰ ਖਾਲਿਸਤਾਨੀ ਸਮਰਥਕ ਦੱਸਿਆ ਜਾਂਦਾ

ਏ, ਜੋ 2003- 04 ਦੌਰਾਨ ਚੰਡੀਗੜ੍ਹ ਦੇ ਬੁੜੈਲ ਜੇਲ੍ਹ ਬ੍ਰੇਕ ਮਾਮਲੇ ਵਿੱਚ ਸ਼ਾਮਲ ਸੀ। ਬਾਅਦ ਵਿਚ ਉਸ ਨੂੰ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਸੀ। ਇਸੇ ਦੌਰਾਨ ਅੰਮ੍ਰਿਤਸਰ ਦੇ ਪੁਲੀਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਏ ਕਿ ਨਰੈਣ ਸਿੰਘ ਨਾਂ ਦੇ ਅੱਤਵਾਦੀ ਵੱਲੋਂ ਸ੍ਰੀ ਬਾਦਲ ’ਤੇ ਕਾਤਲਾਨਾ ਹਮਲਾ ਕੀਤਾ ਗਿਆ ਏ ਤੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ । ਉਨ੍ਹਾਂ ਦੱਸਿਆ ਕਿ ਨਰੈਣ ਸਿੰਘ ਆਪਣੇ ਨਾਲ ਹਥਿਆਰ ਲੈ ਕੇ ਆਇਆ ਸੀ । ਇਸ ਕੋਸ਼ਿਸ਼ ਪਿੱਛੇ ਕਿਸੇ ਡੂੰਘੀ ਸਾਜ਼ਿਸ਼ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਏ।

**BYTE-**

ਓਧਰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੁਖਬੀਰ ਬਾਦਲ 'ਤੇ ਕੀਤੇ ਇਸ ਹਮਲੇ ਨੂੰ, ਸ੍ਰੀ ਅਕਾਲ ਤਖਤ ਸਾਹਿਬ 'ਤੇ ਹਮਲਾ ਕਰਾਰ ਦਿੱਤਾ ਏ ਕਿਉਂਕਿ ਉਹ, ਅਕਾਲ ਤਖਤ ਸਾਹਿਬ ਵੱਲੋਂ ਦਿੱਤੀ ਗਈ ਧਾਰਮਿਕ ਸਜ਼ਾ ਦੀ ਸੇਵਾ ਕਰ ਰਹੇ ਸਨ। ਉਨ੍ਹਾਂ ਇਸ ਕਾਰਵਾਈ ਦੀ ਸਖ਼ਤ ਨਿਖੇਧੀ ਕਰਦਿਆਂ ਪੰਜਾਬ ਸਰਕਾਰ ਤੋਂ ਇਸ ਸਾਜ਼ਿਸ਼ ਦਾ ਪਤਾ ਲਾਉਣ ਲਈ ਕਿਹਾ ਏ।

BYTE-

ਸ਼੍ਰੋਮਣੀ  ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵੀ ਸ੍ਰੀ ਬਾਦਲ 'ਤੇ ਹਮਲੇ ਦੀ ਨਿਖੇਧੀ ਕੀਤੀ ਏ । ਉਨ੍ਹਾਂ ਕਿਹਾ ਕਿ ਇਹ ਹਮਲਾ ਪੰਜਾਬ ਪੁਲਿਸ ਦੀ ਮਾੜੀ ਕਾਰਗੁਜ਼ਾਰੀ ਕਾਰਨ ਪੰਜਾਬ ਸਰਕਾਰ ਤੇ ਸੂਬੇ ਦੀ ਕਾਨੂੰਨ ਵਿਵਸਥਾ 'ਤੇ ਸਵਾਲ ਖੜ੍ਹੇ ਕਰਦਾ ਏ ।

BYTE-

ਸਾਬਕਾ ਸੰਸਦ ਮੈਂਬਰ ਤੇ ਸੁਖਬੀਰ ਬਾਦਲ ਦੀ ਧਰਮ ਪਤਨੀ ਹਰਸਿਮਰਤ ਕੌਰ ਬਾਦਲ ਵੀ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹੁੰਚੇ ਨੇ ।

---

ਅੱਜ ਦੇਸ਼ ਭਰ ਚ ਜਲ ਸੈਨਾ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਹਰ ਸਾਲ 4 ਦਸੰਬਰ ਨੂੰ ਭਾਰਤੀ ਜਲ ਸੈਨਾ ਦੀ ਭੂਮਿਕਾ ਤੇ ਪ੍ਰਾਪਤੀਆਂ ਨੂੰ ਮਾਨਤਾ ਦੇਣ ਲਈ ਮਨਾਇਆ ਜਾਂਦਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਲ ਸੈਨਾ ਦਿਵਸ ਮੌਕੇ  ਸੈਨਿਕਾਂ ਨੂੰ ਵਧਾਈ ਦਿੱਤੀ ਏ । ਸ੍ਰੀ ਮੋਦੀ ਨੇ ਇਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਏ ਕਿ ਜਲ

ਸੈਨਾ ਦੇ ਬਹਾਦਰ ਸੈਨਿਕ, ਬੇਮਿਸਾਲ ਸਾਹਸ ਤੇ ਸਮਰਪਣ ਨਾਲ ਦੇਸ਼ ਦੀਆਂ ਸਮੁੰਦਰੀ ਸਰਹੱਦਾਂ ਦੀ ਰੱਖਿਆ ਕਰਦੇ ਨੇ। ਸ਼੍ਰੀ ਮੋਦੀ ਨੇ ਕਿਹਾ ਕਿ ਸੈਨਿਕਾਂ ਦੀ ਵਚਨਬੱਧਤਾ ਦੇਸ਼ ਦੀ ਸੁਰੱਖਿਆ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਂਦੀ ਏ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤੀ ਜਲ ਸੈਨਾ ਨੂੰ ਆਪਣੇ ਅਮੀਰ ਸਮੁੰਦਰੀ ਇਤਿਹਾਸ 'ਤੇ ਬਹੁਤ ਮਾਣ ਏ। ਓਧਰ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਜਲ ਸੈਨਾ ਦੇ ਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ, ਜਲ ਸੈਨਾ ਦਿਵਸ 'ਤੇ ਵਧਾਈ ਦਿੱਤੀ ਏ। ਰੱਖਿਆ ਮੰਤਰੀ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਭਾਰਤੀ ਜਲ ਸੈਨਾ ਦੇਸ਼ ਦੀ ਸੁਰੱਖਿਆ ਪ੍ਰਣਾਲੀ ਅਤੇ ਸਮੁੰਦਰੀ ਸੁਰੱਖਿਆ ਦਾ ਇੱਕ ਮਜ਼ਬੂਤ ਥੰਮ ਏ।

---------------------------------------------------------

ਪੰਜਾਬ ਦੇ ਡਿਵੀਜ਼ਨਲ ਕਮਿਸ਼ਨਰ ਤੇ ਐਨ.ਆਰ.ਆਈ. ਸਭਾ ਦੇ ਚੇਅਰਮੈਨ ਪ੍ਰਦੀਪ ਕੁਮਾਰ ਸਭਰਵਾਲ ਨੇ ਜਿਲਾ ਮਾਲੀਆ ਅਧਿਕਾਰੀਆਂ ਨਾਲ ਬੈਠਕ ਕਰ ਕੇ ਪਰਵਾਸੀ ਭਾਰਤੀਆਂ ਦੇ ਅਦਾਲਤੀ ਕੇਸ ਤੇ ਆਮ ਸ਼ਿਕਾਇਤਾਂ ਦੇ ਨਿਪਟਾਰੇ ਬਾਰੇ ਸਮੀਖਿਆ

ਕੀਤੀ । ਸ਼੍ਰੀ ਸਰਵਵਾਲ ਨੇ ਨਿਰਦੇਸ਼ ਦਿੱਤੇ ਕਿ ਪਰਵਾਸੀ ਭਾਰਤੀਆਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਹੱਲ  ਕੀਤਾ ਜਾਵੇ । ਸ਼੍ਰੀ ਸਭਰਵਾਲ ਨੇ ਕਿਹਾ ਕਿ ਪਰਵਾਸੀ ਭਾਰਤੀ ਭਾਈਚਾਰਾ ਰਾਜ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਦੇ ਰਿਹਾ ਏ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਰਵਾਸੀ ਭਾਰਤੀਆਂ ਦੀ ਹਰੇਕ  ਸਮੱਸਿਆ ਦਾ ਸਮੇਂ ਸਿਰ ਹੱਲ ਕਰਨ ਲਈ ਵਚਨਬੱਧ ਏ । ਉਨ੍ਹਾਂ ਕਿਹਾ ਕਿ ਪਰਵਾਸੀ ਭਾਰਤੀਆਂ ਦੀ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ 'ਤੇ ਤੁਰੰਤ ਨਿਪਟਾਇਆ ਜਾਵੇਗਾ ਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਦਿੱਤੀ ਜਾਵੇਗੀ।

---------------------------------------------------------------

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਸੂਬਾ ਸਰਕਾਰ ਵਲੋਂ ਬਿਨ੍ਹਾਂ ਕਿਸੇ ਪੱਖਪਾਤ ਤੋਂ ਪਿੰਡਾਂ ਦੇ ਵਿਕਾਸ ਕਰਨ ਲਈ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਨੇ । ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀ ਨਾਲ ਸਬੰਧਤ 50 ਫੀਸਦੀ ਤੋਂ ਵੱਧ ਆਬਾਦੀ ਵਾਲੇ ਪਿੰਡਾਂ ਨੂੰ ਸੂਬਾ ਸਰਕਾਰ ਵੱਲੋਂ ਖਾਸ ਗਰਾਂਟ ਦਿੱਤੀ ਜਾ ਰਹੀ ਏ , ਜਿਸ

ਤਹਿਤ ਜ਼ਿਲ੍ਹੇ ਦੇ 10 ਪਿੰਡਾਂ ਦੀ ਚੋਣ ਕੀਤੀ ਗਈ ਏ , ਜਿਨ੍ਹਾਂ ਨੂੰ 2 ਕਰੋੜ 6 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਮੁਹੱਈਆ ਕਰਵਾਈ ਜਾਵੇਗੀ ।